

## ਬਠਿੰਡਾ ਦੇ ਰੇਤ ਦੇ ਟਿੱਬਿਆਂ ਨੂੰ ਭਾਗ ਲਾਉਣ ਵਾਲੇ ਥਰਮਲ ਪਾਵਰ ਪਲਾਂਟ ਦੀਆਂ ਚਿਮਨੀਆਂ 'ਚੋਂ ਹੁਣ ਕਦੇ ਧੂੰਆਂ ਨਹੀਂ ਨਿਕਲੇਗਾ

ਬਠਿੰਡਾ/ ਬਿਓਰੋ

ਪੈਸੇ-ਧੇਲੇ ਦੀ ਕਮੀ ਨਾਲ ਜੂਝਦੀ ਤੇ ਕੋਰੋਨਾ ਮਹਾਮਾਰੀ ਦਾ ਟਾਕਰਾ ਕਰ ਰਹੀ ਕੈਪਟਨ ਸਰਕਾਰ ਨੇ ਬੰਦ ਪਏ ਥਰਮਲ ਪਲਾਂਟ ਦੀ 1764 ਏਕੜ ਜ਼ਮੀਨ ਦੇ ਪੁਨਰ ਵਿਕਾਸ ਨੂੰ ਪ੍ਰਵਾਨਗੀ ਦੇ ਦਿੱਤੀ ਹੈ ਜਿਸ ਕਾਰਨ ਬਠਿੰਡਾ ਦੇ ਰੇਤ ਦੇ ਟਿੱਬਿਆਂ ਨੂੰ ਭਾਗ ਲਾਉਣ ਵਾਲੇ ਗੁਰੂ ਨਾਨਕ ਦੇਵ ਥਰਮਲ ਪਾਵਰ ਪਲਾਂਟ ਦੀਆਂ ਚਿਮਨੀਆਂ 'ਚੋਂ ਹੁਣ ਕਦੇ ਧੂੰਆਂ ਨਹੀਂ ਨਿਕਲੇਗਾ।

ਸਰਕਾਰ ਦੇ ਉਕਤ ਫ਼ੈਸਲੇ ਦਾ ਵਿਰੋਧ ਸ਼ੁਰੂ ਹੋ ਗਿਆ ਹੈ। ਇਸ ਪਲਾਂਟ ਨਾਲ ਲੋਕਾਂ ਦਾ ਭਾਵਨਾਤਮਕ ਰਿਸ਼ਤਾ ਹੈ। ਗੁਰੂ ਨਾਨਕ ਦੇਵ ਜੀ ਦੇ 500 ਸਾਲਾ ਪ੍ਰਕਾਸ਼ ਪੁਰਬ ਮੌਕੇ 19 ਨਵੰਬਰ 1969 ਨੂੰ ਤਤਕਾਲੀ ਮੁੱਖ ਮੰਤਰੀ ਜਸਟਿਸ ਗੁਰਨਾਮ ਸਿੰਘ ਵੱਲੋਂ ਇਸ ਪਲਾਂਟ ਦਾ ਨੀਹ ਪੱਥਰ ਰੱਖਿਆ ਗਿਆ ਸੀ। ਕਾਂਗਰਸ ਸਰਕਾਰ ਦੇ ਮੰਤਰੀ ਮੰਡਲ ਨੇ 1 ਜਨਵਰੀ 2018 ਤੋਂ ਇਸ ਦੇ ਚਾਰਾਂ ਯੂਨਿਟਾਂ ਨੂੰ ਪੱਕੇ ਤੌਰ 'ਤੇ ਬੰਦ ਕਰਨ ਦਾ ਫ਼ੈਸਲਾ ਕੀਤਾ ਸੀ। ਪਲਾਂਟ ਬੰਦ ਕਰਨ ਤੋਂ ਬਾਅਦ ਸਰਕਾਰ ਨੂੰ ਮੁਲਾਜ਼ਮਾਂ ਤੇ ਲੋਕਾਂ ਦੇ ਰੋਸ ਦਾ ਸਾਹਮਣਾ ਕਰਨਾ ਪਿਆ ਸੀ। ਰੋਸ ਘਟਾਉਣ ਲਈ ਪਾਵਰਕਾਮ ਨੇ ਥਰਮਲ ਪਲਾਂਟ ਦੇ ਇਕ ਯੂਨਿਟ ਨੂੰ ਪਰਾਲੀ ਨਾਲ ਚਲਾਉਣ ਦੀ ਸਿਫ਼ਾਰਸ਼ ਪੰਜਾਬ ਸਰਕਾਰ ਨੂੰ ਭੇਜੀ ਸੀ।

ਕੁਝ ਲੋਕਾਂ ਨੂੰ ਆਸ ਸੀ ਕਿ ਸਰਕਾਰ ਪਰਾਲੀ ਵਾਲੇ ਪ੍ਰਾਜੈਕਟ ਨੂੰ ਮਨਜ਼ੂਰੀ ਦੇ ਦੇਵੇਗੀ ਪਰ ਅਜਿਹਾ ਨਹੀਂ ਹੋਇਆ। ਇਸ ਫ਼ੈਸਲੇ ਨੇ ਸਰਕਾਰ ਦੀ ਆਰਥਿਕ ਹਾਲਤ ਬਿਆਨ ਕਰ ਦਿੱਤੀ ਹੈ। ਦਰਅਸਲ, ਸਰਕਾਰ ਕੋਲ ਇਸ ਵੇਲੇ ਪਲਾਂਟ ਦੀ ਜ਼ਮੀਨ ਵੇਚਣ ਤੋਂ ਇਲਾਵਾ ਕੋਈ ਚਾਰਾ ਨਹੀਂ ਹੈ। ਸਰਕਾਰ ਚਾਹੁੰਦੀ ਤਾਂ ਪਲਾਂਟ ਚੱਲ ਸਕਦਾ ਸੀ। ਸੰਨ 2005-2014 ਦਰਮਿਆਨ ਬਠਿੰਡਾ ਥਰਮਲ ਪਲਾਂਟ ਦੀ ਅਪਗ੍ਰੇਡੇਸ਼ਨ ਲਈ 734 ਕਰੋੜ ਰੁਪਏ ਖ਼ਰਚੇ ਗਏ ਸਨ। ਜੋ ਆਖ਼ਰੀ ਯੂਨਿਟ ਸੰਨ 2014 'ਚ ਅਪਗ੍ਰੇਡ ਕੀਤਾ ਗਿਆ ਸੀ ਉਸ ਨੂੰ 100 ਘੰਟੇ ਚੱਲਣ ਤੋਂ ਪਹਿਲਾਂ ਹੀ ਬੰਦ ਕਰ ਦਿੱਤਾ ਗਿਆ ਸੀ ਜਦਕਿ ਕੌਮੀ ਬਿਜਲੀ ਅਥਾਰਟੀ ਮੁਤਾਬਕ ਪਲਾਂਟ ਦੀ ਮਿਆਦ 2030-31 ਤਕ ਸੀ। ਜੇ ਪਰਾਲੀ ਵਾਲਾ ਯੂਨਿਟ ਸ਼ੁਰੂ ਹੋ ਜਾਂਦਾ ਤਾਂ 60 ਮੈਗਾਵਾਟ ਦੇ ਪਲਾਂਟ ਲਈ ਸਾਲਾਨਾ 4 ਲੱਖ ਟਨ ਤੋਂ ਵੱਧ ਪਰਾਲੀ ਦੀ ਜ਼ਰੂਰਤ ਪੈਣੀ ਸੀ। ਇਸ ਤੋਂ ਤਿਆਰ ਹੋਣ ਵਾਲੀ ਬਿਜਲੀ ਵੀ 4 ਰੁਪਏ ਯੂਨਿਟ ਪੈਣੀ ਸੀ। ਇਸ ਨਾਲ ਮੁਲਾਜ਼ਮਾਂ ਨੂੰ ਰੁਜ਼ਗਾਰ, ਸਰਕਾਰ ਨੂੰ ਸਸਤੀ ਬਿਜਲੀ ਤੇ ਕਿਸਾਨਾਂ ਨੂੰ ਨਾੜ ਤੇ ਪਰਾਲੀ ਦੀ ਸੰਭਾਲ ਦੀ ਪਰੇਸ਼ਾਨੀ ਤੋਂ ਛੁਟਕਾਰਾ ਮਿਲ ਸਕਦਾ ਸੀ। ਪਲਾਂਟ ਨੂੰ ਪਰਾਲੀ 'ਤੇ ਚਲਾਉਣ ਲਈ ਸਿਰਫ਼ ਇਸ ਦਾ ਬੁਆਇਲਰ ਹੀ ਤਬਦੀਲ ਹੋਣਾ ਸੀ ਜਿਸ 'ਤੇ 150 ਕਰੋੜ ਰੁਪਏ ਦਾ ਖ਼ਰਚਾ ਆਉਣਾ ਸੀ ਪਰ ਸਰਕਾਰ ਨੇ ਇਸ ਨੂੰ ਬੰਦ ਕਰਨਾ ਹੀ ਚੰਗਾ ਸਮਝਿਆ।

ਅੱਜ ਉਹ ਕਿਸਾਨ ਜਿਨ੍ਹਾਂ ਨੇ ਬਾਬੇ ਨਾਨਕ ਦੇ ਨਾਂ 'ਤੇ ਬਣ ਰਹੇ ਪਲਾਂਟ ਲਈ ਸਰਕਾਰ ਨੂੰ ਜ਼ਮੀਨ ਸੌਂਪੀ ਸੀ ਖ਼ੁਦ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹੋਣਗੇ। ਬੀਤੇ 50 ਸਾਲਾਂ 'ਚ ਜਿਹੜੀਆਂ ਚਿਮਨੀਆਂ ਬਠਿੰਡੇ ਦੀ ਪਛਾਣ ਸਨ ਉਹ ਪਛਾਣ ਜਲਦ ਹੀ ਖਤਮ ਹੋ ਜਾਵੇਗੀ।

## ਬੇਅਦਬੀ ਮਾਮਲੇ 'ਚ ਗ੍ਰਿਫ਼ਤਾਰ ਕੀਤੇ 5 ਡੇਰਾ ਪ੍ਰੇਮੀਆਂ ਨੂੰ ਮਿਲੀ ਜ਼ਮਾਨਤ

ਫ਼ਰੀਦਕੋਟ/ ਬਿਓਰੋ :



ਜ਼ਿਲ੍ਹੇ ਦੇ ਪਿੰਡ ਬੁਰਜ ਜਵਾਹਰ ਸਿੰਘ ਵਾਲਾ ਦੇ ਗੁਰਦੁਆਰਾ ਸਾਹਿਬ 'ਚੋਂ 1 ਜੂਨ 2015 ਨੂੰ ਚੋਰੀ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਤੇ ਦੋ ਹੋਰ ਮਾਮਲਿਆਂ ਦੀ ਪੜਤਾਲ ਕਰ ਰਹੀ ਵਿਸ਼ੇਸ਼ ਜਾਂਚ ਟੀਮ ਵਲੋਂ ਗ੍ਰਿਫ਼ਤਾਰ ਕੀਤੇ ਗਏ ਪੰਜ ਡੇਰਾ ਪ੍ਰੇਮੀਆਂ ਨੂੰ ਡਿਊਟੀ ਮੈਜਿਸਟਰੇਟ ਸੁਰੇਸ਼ ਕੁਮਾਰ ਦੀ ਅਦਾਲਤ ਵਲੋਂ ਚਲਦੇ ਮੁਕੱਦਮੇ ਤੱਕ ਜ਼ਮਾਨਤ ਤੇ ਰਿਹਾਅ ਕਰਨ ਦੇ ਆਦੇਸ਼ ਦਿੱਤੇ ਗਏ ਹਨ।

ਜਿਨ੍ਹਾਂ 'ਚੋਂ 2 ਡੇਰਾ ਪ੍ਰੇਮੀ ਸੁਖਜਿੰਦਰ ਸਿੰਘ ਅਤੇ ਸ਼ਕਤੀ ਸਿੰਘ ਨੂੰ ਪਹਿਲਾਂ ਹੀ ਇਨ੍ਹਾਂ ਮਾਮਲਿਆਂ 'ਚ ਸੀ.ਬੀ.ਆਈ. ਮੁਹਾਲੀ ਦੀ ਅਦਾਲਤ 'ਚੋਂ ਜ਼ਮਾਨਤ ਮਿਲੀ ਹੋਣ ਕਰਕੇ ਪੁਲਿਸ ਹਿਰਾਸਤ 'ਚੋਂ ਰਿਹਾਅ ਕਰ ਦਿੱਤਾ ਗਿਆ ਸੀ ਅਤੇ ਬਾਕੀ ਦੇ ਪੰਜ ਡੇਰਾ ਪ੍ਰੇਮੀਆਂ ਨੂੰ ਦੋ ਦਿਨ ਦੇ ਪੁਲਿਸ ਰਿਮਾਂਡ ਤੋਂ ਬਾਅਦ ਅਦਾਲਤੀ ਹਿਰਾਸਤ 'ਚ ਜੇਲ੍ਹ ਭੇਜਿਆ ਗਿਆ ਸੀ।

ਡੇਰਾ ਪ੍ਰੇਮੀਆਂ ਵਲੋਂ ਵਕੀਲ ਵਿਨੋਦ ਕੁਮਾਰ ਮੌਂਗਾ ਵਲੋਂ ਲਗਾਈ ਗਈ ਜ਼ਮਾਨਤ ਦੀ ਅਰਜ਼ੀ 'ਤੇ ਸੁਣਵਾਈ ਕਰਦੇ ਹੋਏ ਜੁਡੀਸ਼ੀਅਲ ਮੈਜਿਸਟਰੇਟ ਵਲੋਂ ਬੇਅਦਬੀ ਕਾਂਡ 'ਚ ਗ੍ਰਿਫ਼ਤਾਰ ਕੀਤੇ ਗਏ ਪੰਜ ਡੇਰਾ ਪ੍ਰੇਮੀਆਂ ਰਣਜੀਤ ਸਿੰਘ ਭੋਲਾ, ਨਿਸ਼ਾਨ ਸਿੰਘ, ਰਣਦੀਪ ਸਿੰਘ ਨੀਲਾ, ਨਰਿੰਦਰ ਅਤੇ ਬਲਜੀਤ ਸਿੰਘ ਨੂੰ ਚਲਦੇ ਮੁਕੱਦਮੇ ਤੱਕ 50-50 ਹਜ਼ਾਰ ਰੁਪਏ ਦੀ ਜ਼ਮਾਨਤ 'ਤੇ ਰਿਹਾਅ ਕਰਨ ਦਾ ਹੁਕਮ ਦਿੱਤਾ ਹੈ।

## ਜ਼ਹਿਰੀਲੀ ਸ਼ਰਾਬ ਮਾਮਲੇ ਵਿਚ ਮੁੱਖ ਮੁਲਜ਼ਮ ਲੁਧਿਆਣਾ ਤੋਂ ਗ੍ਰਿਫਤਾਰ

ਚੰਡੀਗੜ੍ਹ/ ਧੰਨਵਾਦ ਸਹਿਤ: ਹਮਦਰਦ ਬਿਓਰੋ:

ਜ਼ਹਿਰੀਲੀ ਸ਼ਰਾਬ ਮਾਮਲੇ ਵਿਚ ਪੰਜਾਬ ਪੁਲਿਸ ਨੇ ਲੁਧਿਆਣਾ ਦੇ ਪੇਂਟ ਵਪਾਰੀ ਨੂੰ ਗ੍ਰਿਫਤਾਰ ਕਰ ਲਿਆ ਹੈ ਜਿਸ ਨੂੰ ਤਿੰਨ ਜ਼ਿਲ੍ਹਿਆਂ ਵਿਚ ਹੋਈਆਂ ਲੋਕਾਂ ਦੀਆਂ ਮੌਤਾਂ ਦੇ ਲਈ ਮੁੱਖ ਮੁਲਜ਼ਮ ਮੰਨਿਆ ਜਾ ਰਿਹਾ ਹੈ।

ਡੀਜੀਪੀ ਦਿਨਕਰ ਗੁਪਤਾ ਮੁਤਾਬਕ ਵਪਾਰੀ ਰਾਜੀਵ ਜੋਸ਼ੀ ਨੂੰ ਲੁਧਿਆਣਾ ਤੋਂ ਕਾਬੂ ਕੀਤਾ ਗਿਆ ਹੈ। ਜੋਸ਼ੀ ਨੇ ਮੰਨਿਆ ਕਿ ਉਸ ਨੇ ਨਕਲੀ ਸ਼ਰਾਬ ਨਹੀਂ ਬਲਕਿ ਮਿਥਾਈਨ ਅਲਕੋਹਲ ਦੇ ਤਿੰਨ ਡਰੰਮ ਮੋਗਾ ਦੇ ਰਵਿੰਦਰ ਨੂੰ ਵੇਚੇ ਸੀ। ਇਹ ਨਕਲੀ ਸ਼ਰਾਬ ਬਣਾਉਣ ਵਿਚ ਇਸਤੇਮਾਲ ਕੀਤੀ ਜਾਂਦੀ ਹੈ। ਡੀਜੀਪੀ ਨੇ ਦੱਸਿਆ ਕਿ ਪ੍ਰਭਦੀਪ ਅੱਗੇ ਅਵਤਾਰ ਨਾਲ ਜੁੜਿਆ ਹੋਇਆ ਸੀ। ਹੁਣ ਪੁਲਿਸ ਜੋਸ਼ੀ ਦੇ ਜ਼ਰੀਏ ਉਨ੍ਹਾਂ ਤੱਕ ਪੁੱਜਣ ਦੀ ਕੋਸ਼ਿਸ਼ ਕਰ ਹੈ ਜੋ ਪੰਜਾਬ ਅਤੇ ਦਿੱਲੀ ਵਿਚ ਅਲੱਗ-ਅਲੱਗ ਥਾਵਾਂ ਤੋਂ ਅਲੱਗ-ਅਲੱਗ ਕਿਸਮ ਦੀ ਸ਼ਰਾਬ ਅਤੇ ਸਪਿਰਟ ਖਰੀਦਦੇ ਸੀ।

ਡੀਜੀਪੀ ਨੇ ਦੱਸਿਆ ਕਿ ਬਟਾਲਾ ਦੇ ਰਹਿਣ ਵਾਲੇ ਇੱਕ ਮੁਲਜ਼ਮ ਧਰਮਿੰਦਰ ਨੂੰ ਵੀ ਕਾਬੂ ਕੀਤਾ ਗਿਆ ਹੈ। ਬਟਾਲਾ ਵਿਚ ਹੋਈ ਮੌਤਾਂ ਦੇ ਲਈ ਇਸ ਨੂੰ ਜ਼ਿੰਮੇਵਾਰ ਮੰਨਿਆ ਜਾ ਰਿਹਾ ਹੈ। ਉਸ ਦੇ ਕੋਲੋ 50 ਲੀਟਰ ਸ਼ਰਾਬ ਬਰਾਮਦ ਕੀਤੀ ਗਈ ਹੈ। ਇਸ ਮਾਮਲੇ ਵਿਚ ਹੁਣ ਤੱਕ ਗ੍ਰਿਫਤਾਰ ਹੋਣ ਵਾਲਿਆਂ ਦੀ ਗਿਣਤੀ 40 ਹੋ ਗਈ ਹੈ। ਤਿੰਨ ਜ਼ਿਲ੍ਹਿਆਂ ਵਿਚ ਹੁਣ ਤੱਕ 563 ਛਾਪੇ ਮਾਰੇ ਜਾ ਚੁੱਕੇ ਹਨ। ਪੰਜ ਐਫ.ਆਈ.ਆਰ. ਦਰਜ ਕੀਤੀਆਂ ਜਾ ਚੁੱਕੀਆਂ ਹਨ।

## ਪਾਕਿਸਤਾਨ ਵਿਚ ਦਰਦਨਾਕ ਹਾਦਸਾ 29 ਮੌਤਾਂ, ਬਹੁਤੇ ਸਿੱਖ ਯਾਤਰੀ

### ਬੀਬੀ ਮਾਲਵਾ ਨੇ ਕੀਤਾ ਦੁਖ ਦਾ ਪ੍ਰਗਟਾਵਾ

ਗਿੱਦੜਬਾਹਾ/ ਸ਼ਮਿੰਦਰ ਸਿੰਘ ਸੇਖਾ



ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਜੀ ਪਾਕਿਸਤਾਨ ਦੇ ਦਰਸ਼ਨ ਕਰਕੇ ਕੇ ਵਾਪਸ ਪਰਤ ਰਹੀਆਂ ਸਿੱਖ ਸੰਗਤਾਂ ਦੀ ਗੱਡੀ ਪਾਕਿਸਤਾਨ ਦੇ ਜ਼ਿਲ੍ਹਾ ਸ਼ੇਖੂਪੁਰਾ ਦੇ ਸ਼ਹਿਰ ਫਾਰੂਖਾਬਾਦ ਦੇ ਨਜ਼ਦੀਕ ਟਰੇਨ ਨਾਲ ਹਾਦਸਾ ਗ੍ਰਸਤ ਹੋਣ ਕਾਰਨ ਤਕਰੀਬਨ 20 ਸ਼ਰਧਾਲੂਆਂ ਦੀ ਮੌਤ ਹੋ ਜਾਣ ਤੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਿੰਗ ਕਮੇਟੀ ਮੈਂਬਰ ਬੀਬੀ ਪ੍ਰਵੀਨ ਕੌਰ ਮਾਲਵਾ ਨੇ ਦੁਖ ਦਾ ਪ੍ਰਗਟਾਵਾ ਕੀਤਾ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬੀ ਮਾਲਵਾ ਨੇ ਦੱਸਿਆ ਹੈ ਕਿ ਸਿੱਖ ਪਰਿਵਾਰਾਂ ਨਾਲ ਵਾਪਰੇ ਦੁਖਾਂਤ ਬਾਰੇ ਜਾਣ ਕੇ ਬੜਾ ਦੁੱਖ ਲੱਗਿਆ, ਜਿਹੜੇ ਕਿ ਧਾਰਮਿਕ ਯਾਤਰਾ ਲਈ ਜਾਂਦੇ ਹੋਏ ਸੜਕ ਦੁਰਘਟਨਾ ਦਾ ਸ਼ਿਕਾਰ ਹੋਏ। ਬੀਬੀ ਮਾਲਵਾ ਨੇ ਕਿਹਾ ਕਿ ਪਤਾ ਲੱਗਿਆ ਹੈ ਕਿ ਹਾਦਸੇ 'ਚ ਸਿੱਖ ਪਰਿਵਾਰ ਦੇ 20 ਜੀਆਂ ਦਾ ਦਿਹਾਂਤ ਹੋ



ਗਿਆ, ਜਦੋਂ ਉਨ੍ਹਾਂ ਦੀ ਵੈਨ ਕਰਮਚਾਰੀ ਰਹਿਤ ਰੇਲਵੇ ਫ਼ਾਟਕ ਤੋਂ ਲੰਘਣ ਸਮੇਂ ਰੇਲ ਗੱਡੀ ਦੀ ਚਪੇਟ ਵਿੱਚ ਆ ਗਈ।

ਬੀਬੀ ਮਾਲਵਾ ਨੇ ਕਿਹਾ ਕਿ ਵੱਡੀ ਗਿਣਤੀ ਵਿੱਚ ਸਿੱਖ ਸ਼ਰਧਾਲੂਆਂ ਦਾ ਜਾਨੀ ਨੁਕਸਾਨ ਹੋਣਾ ਬੇਹੱਦ ਦੁਖਦਾਈ ਹੈ ਜਿਸ ਵਿਚ ਬੀਬੀ ਮਾਲਵਾ ਨੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਜੀ ਵਿੱਛੜੀਆਂ ਰੂਹਾਂ ਨੂੰ ਆਤਮਿਕ ਸ਼ਾਂਤੀ ਅਤੇ ਉਨ੍ਹਾਂ ਦੇ ਸਕੇ ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਅਤੇ ਜ਼ਖਮੀਆਂ ਨੂੰ ਸਿਹਤਯਾਬੀ ਬਖਸ਼ਣ।








'ਮਹਿਕ ਵਤਨ ਦੀ ਲਾਈਵ' ਰੋਜਾਨਾ ਆਨਲਾਈਨ ਅਖਬਾਰ, 'ਮਹਿਕ ਵਤਨ ਦੀ ਲਾਈਵ' ਵੈਬ ਟੀ.ਵੀ ਅਤੇ 'ਮਹਿਕ ਵਤਨ ਦੀ ਲਾਈਵ' ਮਾਸਿਕ ਮੈਗਜੀਨ ਵਾਸਤੇ ਹਰ ਜਿਲ੍ਹੇ 'ਚੋ ਜਿਲ੍ਹਾ ਇੰਚਾਰਜ ਅਤੇ ਹਰ ਕਸਬੇ ਤੋਂ ਪੱਤਰਕਾਰਾ ਦੀ ਜਰੂਰਤ ਹੈ।




**ਪੱਤਰਕਾਰ ਬਣਨ ਦੇ ਚਾਹਵਾਨ ਜਲਦੀ ਸੰਪਰਕ ਕਰੋ!**



Bhawandeep Singh Purba
Chief Editor: 'Mehak Watan Di Live' Beauro

'ਮਹਿਕ ਵਤਨ ਦੀ ਲਾਈਵ' ਆਨਲਾਈਨ ਅਖਬਾਰ, ਵੈਬ ਟੀ.ਵੀ. ਅਤੇ ਮਾਸਿਕ ਮੈਗਜੀਨ ਵਿੱਚ ਬਹੁਤ ਥੋੜੇ ਖਰਚ ਤੇ ਆਪਣੇ ਇਸ਼ਤਿਹਾਰ ਦੇ ਕੇ ਜਿਆਦਾ ਲਾਭ ਪ੍ਰਾਪਤ ਕਰੋ ਜੀ।

ਪੱਤਰਕਾਰ ਬਨਣ ਲਈ ਅਤੇ ਹਰ ਪ੍ਰਕਾਰ ਦੀ ਜਾਣਕਾਰੀ ਲਈ ਸੰਪਰਕ ਕਰੋ:

ਮੁੱਖ ਸੰਪਾਦਕ: ਭਵਨਦੀਪ ਸਿੰਘ ਪੁਰਬਾ

Help Line:
(+91) 9988-92-9988
E-mail: mehakwattandi@rediffmail.com

'ਮਹਿਕ ਵਤਨ ਦੀ ਲਾਈਵ' ਰੋਜਾਨਾ ਆਨਲਾਈਨ ਅਖਬਾਰ ਪੜ੍ਹਨ ਲਈ ਕਲਿੱਕ ਕਰੋ:
www.mehakwatandilive.com

International ਦਿਲਚਸਪ ਅਤੇ ਗਿਆਨ ਭਰਪੂਰ ਸਮੱਗਰੀ ਲਈ ਮਹਿਕ ਵਤਨ ਦੀ 'Mehak Watan Di Live' ਲਾਈਵ